# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ  ਸਹਿ ਸੰਪਾਦਕ: ਨਵਜੋਤ ਬਿਲਿੰਗ  ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ  ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times  11 ਜੂਨ 2026 ਦਿਨ ਵੀਰਵਾਰ  ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੀ ਏ ਯੂ ਨੇ ਹੜ੍ਹਾਂ ਤੋਂ ਬਾਅਦ ਪੰਜਾਬ ਵਿੱਚ ਨਵੇਂ ਨਦੀਨਾਂ ਬਾਰੇ ਕਿਸਾਨਾਂ ਨੂੰ ਸੁਚੇਤ ਕੀਤਾ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ 11 ਜੂਨ : ਬੀਤੇ ਸਾਲਾਂ 2023 ਅਤੇ 2025 ਵਿੱਚ ਪੰਜਾਬ ਵਿੱਚ ਆਏ ਭਾਰੀ ਹੜ੍ਹਾਂ ਨੇ ਫਸਲਾਂ ਦੇ ਉਤਪਾਦਨ ਦੇ ਨਾਲ ਨਾਲ ਖੇਤੀ ਦੇ ਬੁਨਿਆਦੀ ਢਾਂਚੇ ਅਤੇ ਸਰੋਤਾਂ ਦਾ ਨੁਕਸਾਨ ਕੀਤਾ ਹੈ। ਇਸ ਸੰਬੰਧ ਵਿਚ ਪੀ ਏ ਯੂ ਦੇ ਵਿਗਿਆਨੀਆਂ ਨੇ ਵਾਤਾਵਰਣ ਵਿੱਚ ਪੈਦਾ ਹੋ ਰਹੀ ਨਵੀਂ ਦਿੱਕਤ ਦੀ ਪਛਾਣ ਕੀਤੀ ਹੈ। ਇਸ ਮੁਤਾਬਕ ਹੜ੍ਹਾਂ ਨਾਲ ਰੁੜ੍ਹ ਕੇ ਆਏ ਬੀਜਾਂ ਤੋਂ ਪੈਦਾ ਹੋਣ ਵਾਲੇ ਨਦੀਨਾਂ ਰਾਜ ਦੀ ਖੇਤੀਬਾੜੀ ਲਈ ਨਵੀਆਂ ਚੁਣੌਤੀਆਂ ਪੈਦਾ ਕਰ ਸਕਦੇ ਹਨ।

ਪੀ ਏ ਯੂ ਦੁਆਰਾ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਹੁਸ਼ਿਆਰਪੁਰ, ਗੁਰਦਾਸਪੁਰ, ਪਠਾਨਕੋਟ, ਰੋਪੜ, ਅੰਮ੍ਰਿਤਸਰ ਅਤੇ ਪਟਿਆਲਾ ਸ਼ਾਮਲ ਵਿੱਚ ਕੀਤੇ ਗਏ ਸਰਵੇਖਣ ਵਿੱਚ ਨਦੀਨਾਂ ਦੀਆਂ ਨਵੀਆਂ ਕਿਸਮਾਂ ਦੇ ਉਭਾਰ ਅਤੇ ਬਨਸਪਤੀ ਢਾਂਚੇ ਵਿੱਚ ਮਹੱਤਵਪੂਰਨ ਤਬਦੀਲੀਆਂ ਦਾ ਖੁਲਾਸਾ ਹੋਇਆ ਹੈ। ਇਹ ਖੋਜਾਂ ਖੇਤੀ ਵਾਤਾਵਰਣ ਪ੍ਰਣਾਲੀਆਂ ਉੱਪਰ ਮੌਸਮੀ ਹਾਲਾਤ ਉੱਪਰ ਪੈਣ ਵਾਲੇ ਲੰਮੇ ਸਮੇਂ ਦੇ ਪ੍ਰਭਾਵ ਵੱਲ ਇਸ਼ਾਰਾ ਕਰਦੀਆਂ ਹਨ। ਮਾਹਿਰਾਂ ਨੇ ਕਿਸਾਨਾਂ ਨੂੰ ਚੌਕਸ ਕਰਦਿਆਂ ਸਮੇਂ ਸਿਰ ਧਿਆਨ ਦੇਣ ਦੀ ਲੋੜ ਉਜਾਗਰ ਕੀਤੀ ਹੈ।

ਇਨ੍ਹਾਂ ਖੇਤਰਾਂ ਵਿਚ ਹੋਏ ਸਰਵੇਖਣ ਤੋਂ ਪਤਾ ਚੱਲਿਆ ਕਿ ਤਿੰਨ ਨਦੀਨਾਂ ਦੀਆਂ ਕਿਸਮਾਂ ਵਿੱਚ ਜੰਗਲੀ ਮੂਲੀ, ਸੈਲਰੀ-ਲੀਵਡ ਬਟਰਕਪ ਜਾਂ ਜਲ ਧਨੀਆ , ਅਤੇ ਮਾਰਸ਼ ਪੀਲੀ-ਕ੍ਰੇਸ ਦੇਖਣ ਨੂੰ ਮਿਲੀਆਂ ਹਨ। ਵਿਗਿਆਨੀਆਂ ਦਾ ਮੰਨਣਾ ਹੈ ਕਿ ਇਹ ਪ੍ਰਜਾਤੀਆਂ ਹੜ੍ਹ ਦੇ ਪਾਣੀਆਂ ਰਾਹੀਂ ਪਹਾੜੀ ਖੇਤਰਾਂ ਤੋਂ ਬੀਜ ਅਤੇ ਬਨਸਪਤੀ ਦੇ ਰੂਪ ਵਿਚ ਆਈਆਂ ਹਨ। ਕੁਝ ਥਾਵਾਂ 'ਤੇ, ਮਾਰਸ਼ ਪੀਲੀ-ਕ੍ਰੇਸ ਮਟਰ ਦੇ ਖੇਤਾਂ ਵਿੱਚ ਪ੍ਰਭਾਵੀ ਦੇਖੀ ਗਈ। ਇਹ ਬੂਟੀ ਕਾਸ਼ਤ ਕੀਤੇ ਖੇਤਰਾਂ ਵਿੱਚ ਫੈਲਾਅ ਦੀ ਕੋਸ਼ਿਸ਼ ਵਿਚ ਰਹਿੰਦੀ ਹੈ।

ਸਰਵੇਖਣ ਨੇ ਹਾੜ੍ਹੀ ਦੇ ਮੌਸਮ ਦੌਰਾਨ ਨਦੀਨਾਂ ਪੱਖੋਂ ਧਿਆਨ ਦੇਣ ਯੋਗ ਤਬਦੀਲੀਆਂ ਵੀ ਸਾਮ੍ਹਣੇ ਲਿਆਂਦੀਆਂ ਹਨ। ਕਈ ਨਦੀਨ ਹੜ੍ਹ ਦੇ ਪ੍ਰਭਾਵ ਵਿਚ ਰਹੇ ਨਮੀ ਵਾਲੇ ਖੇਤਾਂ ਵਿੱਚ ਦਿਖਾਈ ਦਿੱਤੀਆਂ। ਇਹ ਤਬਦੀਲੀ ਚਿੰਤਾ ਦਾ ਕਾਰਨ ਲਗਦੀ ਹੈ ਕਿਉਂਕਿ ਨਦੀਨ ਪੌਸ਼ਟਿਕ ਤੱਤਾਂ, ਨਮੀ, ਸੂਰਜ ਦੀ ਰੌਸ਼ਨੀ ਅਤੇ ਜ਼ਮੀਨ ਲਈ ਫਸਲਾਂ ਨਾਲ ਸਿੱਧਾ ਮੁਕਾਬਲਾ ਕਰਦੇ ਹਨ। ਬਹੁਤ ਸਾਰੇ ਕੀੜੇ-ਮਕੌੜਿਆਂ ਅਤੇ ਬਿਮਾਰੀ ਪੈਦਾ ਕਰਨ ਵਾਲੇ ਜੀਵਾਂ ਦੀ ਠਾਹਰ ਵਜੋਂ ਵੀ ਇਹ ਬਨਸਪਤੀ ਪ੍ਰਜਾਤੀਆਂ ਕੰਮ ਕਰਦੀਆਂ ਹਨ, ਜਿਸ ਨਾਲ ਖੇਤੀ ਉਤਪਾਦਕਤਾ ਲਈ ਖਤਰੇ ਪੈਦਾ ਹੁੰਦੇ ਹਨ।

ਪੀਏਯੂ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਦੱਸਿਆ ਕਿ ਇਹ ਖੋਜਾਂ ਦਰਸਾਉਂਦੀਆਂ ਹਨ ਕਿ ਕਿਵੇਂ ਜਲਵਾਯੂ ਤਬਦੀਲੀ ਅਤੇ ਸਖ਼ਤ ਮੌਸਮੀ ਹਾਲਾਤ ਨੇ ਖੇਤੀ ਵਾਤਾਵਰਣ ਪ੍ਰਣਾਲੀਆਂ ਨੂੰ ਅਚਾਨਕ ਬਦਲ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਦੀਨਾਂ ਦੀਆਂ ਇਨ੍ਹਾਂ ਕਿਸਮਾਂ ਦੀ ਤਾਸੀਰ ਅਤੇ ਵਾਤਾਵਰਣ ਉੱਪਰ ਪ੍ਰਭਾਵ ਬਾਰੇ ਕੋਈ ਅਨੁਭਵ ਨਹੀਂ ਹੈ। ਉਨ੍ਹਾਂ ਖਦਸ਼ਾ ਪ੍ਰਗਟਾਇਆ ਕਿ ਇਸ ਤੋਂ ਪਹਿਲਾਂ ਕਿ ਇਹ ਮਜ਼ਬੂਤੀ ਨਾਲ ਸਥਾਪਿਤ ਹੋ ਜਾਣ ਅਤੇ ਫਸਲ ਉਤਪਾਦਨ, ਜੈਵ ਵਿਭਿੰਨਤਾ ਅਤੇ ਵਾਤਾਵਰਣ ਸਥਿਰਤਾ ਨੂੰ ਖ਼ਤਰਾ ਪੈਦਾ ਕਰਨ ਇਨ੍ਹਾਂ ਦੀ ਰੋਕਥਾਮ ਦੇ ਉਪਾਅ ਕਰਨੇ ਲਾਜ਼ਮੀ ਹਨ, ਅਤੇ ਪੀ ਏ ਯੂ ਦੇ ਵਿਗਿਆਨੀ ਇਸ ਦਿਸ਼ਾ ਵਿਚ ਨਿਰੰਤਰ ਕਾਰਜਸ਼ੀਲ ਹਨ।

ਡਾ. ਗੋਸਲ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੀ ਖੇਤੀ ਜੈਵ ਭਿੰਨਤਾ ਦੀ ਰੱਖਿਆ ਲਈ ਕਿਸਾਨਾਂ, ਵਿਗਿਆਨੀਆਂ, ਪਸਾਰ ਕਰਮੀਆਂ ਅਤੇ ਹੋਰ ਹਿੱਸੇਦਾਰਾਂ ਦੇ ਸਹਿਯੋਗ ਦੀ ਲੋੜ ਹੈ

ਸਰਵੇਖਣ ਦੇ ਵਿਹਾਰਕ ਪ੍ਰਭਾਵਾਂ ਬਾਰੇ ਗੱਲ ਕਰਦਿਆਂ ਪੀ ਏ ਯੂ ਦੇ ਪਸਾਰ ਸਿੱਖਿਆ ਨਿਰਦੇਸ਼ਕ ਡਾ. ਮੱਖਣ ਸਿੰਘ ਭੁੱਲਰ ਨੇ ਕਿਸਾਨਾਂ ਨੂੰ ਚੱਲ ਰਹੇ ਸਾਉਣੀ ਸੀਜ਼ਨ ਦੌਰਾਨ ਸੁਚੇਤ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਸਲਾਹ ਦਿੱਤੀ ਕਿ ਉਹ ਕਿਸੇ ਵੀ ਤਰ੍ਹਾਂ ਦੇ ਅਨਜਾਣ ਪੌਦਿਆਂ ਦੀਆਂ ਕਿਸਮਾਂ ਜਾਂ ਵੱਖਰੇ ਨਦੀਨਾਂ ਦੇ ਹਮਲੇ ਬਾਰੇ ਪੀ ਏ ਯੂ ਮਾਹਿਰਾਂ, ਕ੍ਰਿਸ਼ੀ ਵਿਗਿਆਨ ਕੇਂਦਰਾਂ , ਕਿਸਾਨ ਸਲਾਹਕਾਰ ਸੇਵਾ ਕੇਂਦਰਾਂ ਜਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੂੰ ਆਗਾਹ ਕਰਨ ਤਾਂ ਜੋ ਸ਼ੁਰੂਆਤੀ ਪੜਾਅ 'ਤੇ ਢੁਕਵੀਂ ਕਾਰਵਾਈ ਕੀਤੀ ਜਾ ਸਕੇ।

## ਦੇਸ਼ ਦੇ ਉੱਘੇ ਅਨਾਜ ਸੰਭਾਲ ਮਾਹਿਰ ਨੇ ਪੀ ਏ ਯੂ ਵਿਖੇ ਵਿਸ਼ੇਸ਼ ਭਾਸ਼ਣ ਦਿੱਤਾ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 11 ਜੂਨ : ਪੀ ਏ ਯੂ ਦੇ ਖੇਤੀ ਇੰਜਨੀਅਰਿੰਗ ਕਾਲਜ ਦੇ ਡੀਨ ਕਮੇਟੀ ਰੂਮ ਵਿਖੇ ਪ੍ਰੋਸੈਸਿੰਗ ਅਤੇ ਭੋਜਨ ਇੰਜੀਨੀਅਰਿੰਗ ਵਿਭਾਗ ਨੇ ਸ਼੍ਰੀ ਮੁਨੀਸ਼ਵਰ ਵਾਸੂਦੇਵ ਨਾਲ ਵਿਚਾਰ ਚਰਚਾ ਸੈਸ਼ਨ ਆਯੋਜਿਤ ਕੀਤਾ। ਇਸ ਦੌਰਾਨ ਅਨਾਜ ਭੰਡਾਰਨ, ਝੋਨੇ ਦੀ ਪ੍ਰੋਸੈਸਿੰਗ ਅਤੇ ਸੁਕਾਉਣ ਤਕਨਾਲੋਜੀਆਂ ਬਾਰੇ ਵਿਚਾਰ ਕੀਤੀ ਗਈ।

ਸ਼੍ਰੀ ਮੁਨੀਸ਼ਵਰ ਵਾਸੂਦੇਵ ਵਢਾਈ ਉਪਰੰਤ ਫਸਲਾਂ ਦੀ ਸੰਭਾਲ ਬਾਰੇ ਉੱਘੇ ਤਕਨਾਲੋਜੀ ਮਾਹਰ ਹਨ ਜਿਨ੍ਹਾਂ ਕੋਲ ਅਨਾਜ ਸਟੋਰੇਜ, ਚੌਲਾਂ ਦੀ ਮਿੱਲਿੰਗ, ਥੋਕ ਹੈਂਡਲਿੰਗ ਸਿਸਟਮ, ਸਾਈਲੋ ਅਤੇ ਐਗਰੋ-ਇੰਡਸਟਰੀਅਲ ਪ੍ਰੋਜੈਕਟ ਪ੍ਰਬੰਧਨ ਵਿੱਚ 39 ਸਾਲਾਂ ਤੋਂ ਵੱਧ ਦਾ ਤਜਰਬਾ ਹੈ। ਉਹ ਪੀ ਏ ਯੂ ਦੇ ਸਾਬਕਾ ਵਿਦਿਆਰਥੀ ਵੀ ਹਨ ਅਤੇ ਲੰਮਾ ਸਮਾਂ ਪ੍ਰਸਿੱਧ ਸੰਸਥਾਵਾਂ ਦਾ ਹਿੱਸਾ ਬਣੇ ਰਹੇ ਹਨ । ਵਰਤਮਾਨ ਵਿੱਚ ਲੋਟਸ ਹਾਰਵੈਸਟੇਕ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਵਜੋਂ ਸੇਵਾ ਨਿਭਾ ਰਹੇ ਹਨ। ਉਹ ਇਕ ਮਾਹਿਰ ਵਜੋਂ ਭਾਰਤ ਅਤੇ ਵਿਦੇਸ਼ਾਂ ਵਿੱਚ ਅਨਾਜ ਭੰਡਾਰਨ, ਭੋਜਨ ਪ੍ਰੋਸੈਸਿੰਗ, ਅਤੇ ਖੁਰਾਕ ਸੁਰੱਖਿਆ ਦੇ ਬੁਨਿਆਦੀ ਢਾਂਚੇ ਬਾਰੇ ਪ੍ਰੋਜੈਕਟਾਂ ਲਈ ਤਕਨੀਕੀ-ਵਪਾਰਕ ਸਲਾਹਕਾਰ ਹਨ।

ਇਹ ਗੱਲਬਾਤ ਵਾਢੀ ਤੋਂ ਬਾਅਦ ਅਨਾਜ ਭੰਡਾਰਨ ਅਤੇ ਚੌਲਾਂ ਦੀ ਗੁਣਵੱਤਾ ਵਧਾਉਣ 'ਤੇ ਕੇਂਦ੍ਰਿਤ ਸੀ। ਸ਼੍ਰੀ ਮੁਨੀਸ਼ਵਰ ਵਾਸੂਦੇਵ ਨੇ ਝੋਨੇ ਅਤੇ ਚੌਲਾਂ ਦੇ ਸੁਕਾਉਣ ਬਾਰੇ ਨਵੀਨ ਤਕਨਾਲੋਜੀਆਂ ਦੀ ਜਾਣਕਾਰੀ ਦਿੱਤੀ ਜਿਸ ਵਿੱਚ ਅਨਾਜ ਦੀ ਗੁਣਵੱਤਾ ਬਣਾਈ ਰੱਖਣ ਅਤੇ ਵਾਢੀ ਤੋਂ ਬਾਅਦ ਦੇ ਨੁਕਸਾਨ ਨੂੰ ਘਟਾਉਣ ਲਈ ਇਸਦੀ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਨੇ ਵਿਗਿਆਨਕ ਅਨਾਜ ਭੰਡਾਰਨ ਅਤੇ ਨੁਕਸਾਨ ਦੀ ਰੋਕਥਾਮ ਲਈ ਗੋਦਾਮਾਂ ਅਤੇ ਸਾਈਲੋ ਦੇ ਫਾਇਦਿਆਂ ਬਾਰੇ ਵੀ ਚਰਚਾ ਕੀਤੀ। ਇਸ ਤੋਂ ਇਲਾਵਾ, ਉਨ੍ਹਾਂ ਨੇ ਖੇਤੀਬਾੜੀ ਇੰਜੀਨੀਅਰਿੰਗ ਵਿੱਚ ਡਿਜੀਟਲ ਤਕਨਾਲੋਜੀਆਂ ਦੀ ਵੱਧ ਰਹੀ ਭੂਮਿਕਾ ਨੂੰ ਵੀ ਉਜਾਗਰ ਕੀਤਾ।

ਇਹ ਸੈਸ਼ਨ ਵਧੀਕ ਨਿਰਦੇਸ਼ਕ ਖੋਜ (ਖੇਤੀਬਾੜੀ ਇੰਜੀਨੀਅਰਿੰਗ) ਡਾ. ਮਹੇਸ਼ ਕੁਮਾਰ, ਕਾਲਜ ਦੇ ਡੀਨ ਡਾ ਮਨਜੀਤ ਸਿੰਘ, ਵਿਭਾਗ ਦੇ ਮੁਖੀ ਡਾ. ਟੀ. ਸੀ. ਮਿੱਤਲ ਵੱਖ-ਵੱਖ ਵਿਭਾਗਾਂ ਦੇ ਮੁਖੀ, ਫੈਕਲਟੀ ਮੈਂਬਰ ਅਤੇ ਪੀਜੀ ਵਿਦਿਆਰਥੀ ਦੀ ਮੌਜੂਦਗੀ ਵਿੱਚ ਆਯੋਜਿਤ ਕੀਤਾ ਗਿਆ। ਡਾ. ਪ੍ਰੀਤਇੰਦਰ ਕੌਰ, ਨੇ ਮਾਹਿਰ ਵਿਦਵਾਨ ਨਾਲ ਸੰਖੇਪ ਜਾਣ-ਪਛਾਣ ਕਰਵਾਈ। ਡਾ. ਟੀ. ਸੀ. ਮਿੱਤਲ ਨੇ ਵਿਭਾਗ ਵਿੱਚ ਹੋ ਰਹੀਆਂ ਵੱਖ-ਵੱਖ ਖੋਜਾਂ ਅਤੇ ਪਸਾਰ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।

ਸੈਸ਼ਨ ਵਿਚ ਉਭਰੇ ਨੁਕਤਿਆਂ ਬਾਰੇ ਸਵਾਲ-ਜਵਾਬ ਦੌਰਾਨ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੇ ਚਰਚਾ ਕੀਤੀ। ਹਾਜ਼ਰੀਨ ਨੇ ਮਾਹਰ ਦੇ ਉਦਯੋਗਿਕ ਅਤੇ ਅਕਾਦਮਿਕ ਤਜਰਬੇ ਤੋਂ ਲਾਹਾ ਲਿਆ। ਅੰਤ ਵਿਚ ਮਹਿਮਾਨ ਮਾਹਿਰ ਨੇ ਪੀ ਏ ਯੂ ਐਗਰੋ ਪ੍ਰੋਸੈਸਿੰਗ ਕੰਪਲੈਕਸ ਦਾ ਦੌਰਾ ਕੀਤਾ।

## 12 ਵੀਂ ਵਰਲੱਡ ਪੰਜਾਬੀ ਕਾਨਫ਼ਰੰਸ ਲਈ ਪੇਪਰ ਮੰਗੇ

### ਤਿੰਨ ਰੋਜ਼ਾ 12 ਵੀਂ ਵਰਲੱਡ ਪੰਜਾਬੀ ਕਾਨਫ਼ਰੰਸ 17,18 ਤੇ 19 ਜੁਲਾਈ 2026 ਨੂੰ ਬਰੈਂਪਟਨ, ਕੈਨੇਡਾ ਵਿਖੇ ਹੋਏਗੀ

ਵਰਲਡ ਪੰਜਾਬੀ ਟਾਈਮਜ਼ ਹਰਦੇਵ ਚੌਹਾਨ



ਕੈਨੇਡਾ, 11 ਜੂਨ : ਜਗਤ ਪੰਜਾਬੀ ਸਭਾ, ਓਨਟਾਰੀਓ ਫ਼ਰੈਂਡਜ਼ ਕਲੱਬ ਅਤੇ ਪਬਪਾ ਸਭਾ ਵੱਲੋਂ 17,18 ਤੇ 19 ਜੁਲਾਈ, 2026 ਨੂੰ 12 ਵੀਂ ਵਰਲੱਡ ਪੰਜਾਬੀ ਕਾਨਫ਼ਰੰਸ ਬਰੈਂਪਟਨ, ਕੈਨੇਡਾ ਵਿਖੇ ਆਯੋਜਿਤ ਕਰਵਾਈ ਜਾ ਰਹੀ ਹੈ।

"ਪੰਜਾਬੀ ਭਾਸ਼ਾ ਦਾ ਭਵਿੱਖ ਅਤੇ ਸਿੱਖਿਆ ਦੀ ਮਹਤੱਤਾ" ਦੇ ਵਿਸ਼ੇ ਵਾਲੀ ਇਸ ਮਹੱਤਵਪੂਰਨ ਕਾਨਫਰੰਸ ਲਈ ਸੁਹਿਰਦ ਪੰਜਾਬੀਆਂ ਨੂੰ ਖੁੱਲਾ ਸੱਦਾ ਹੈ।

ਚੇਅਰਮੈਨ ਅਜੈਬ ਸਿੰਘ ਚੱਠਾ ਨੇ ਦੱਸਿਆ ਕਿ ਇਸ ਵੇਲੇ ਕੈਨੇਡਾ ਆਏ ਹੋਏ ਭਾਰਤ ਜਾਂ ਕਿਸੇ ਹੋਰ ਮੁਲਕ ਦੇ ਵਿਦਵਾਨ ਸੱਜਣ ਵੀ ਇਸ ਕਾਨਫ਼ਰੰਸ ਦਾ ਹਿੱਸਾ ਬਣਨ ਲਈ ਸਾਨੂੰ ਆਪਣੀ ਫੋਟੋ ਅਤੇ ਬਾਇਓਡਾਟਾ ਭੇਜ ਸਕਦੇ ਹਨ। ਕਾਨਫਰੰਸ ਨਾਲ ਸਬੰਧਤ ਕਿਸੇ ਵਿਸ਼ੇ ਤੇ ਪਰਚਾ ਪੜ੍ਹਣ ਦੇ ਚਾਹਵਾਨ ਚਿੰਤਕ ਵੀ 5 ਜੁਲਾਈ ਤੱਕ ਸਾਨੂੰ ਆਪਣੇ ਦੋ ਸਫ਼ੇ ਦੇ ਪਰਚੇ ਲਿਖ ਕੇ ਭੇਜ ਸਕਦੇ ਹਨ। ਇਸ ਕਾਨਫ਼ਰੰਸ ਵਿੱਚ ਸ਼ਿਰਕਤ ਕਰਨ ਲਈ ਸੱਭ ਨੂੰ ਖੁੱਲਾ ਸੱਦਾ ਦਿੱਤਾ ਗਿਆ ਹੈ।
ਵਧੇਰੇ ਜਾਣਕਾਰੀ ਲਈ ਡਾ. ਅਜੈਬ ਸਿੰਘ ਚੱਠਾ, ਚੇਅਰਮੈਨ +1 (647) 403-1299 ਤੇ ਸ . ਪਿਆਰਾ ਸਿੰਘ ਕੁੱਦੋਵਾਲ, ਸਕੱਤਰ ਓ. ਐਫ਼. ਸੀ.
+1 (647) 278-4477 ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।

## ਡਾ. ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਨੇ "ਗੁਜਰਾਂਵਾਲਾ ਦਾ ਫਾਊਂਡਿੰਗ ਲੈਂਡ ਆਫ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ" ਪੁਸਤਕ ਦਾ ਪੰਜਾਬੀ ਅਨੁਵਾਦ ਸ਼ਾਹਮੁਖੀ ਅਤੇ ਗੁਰਮੁਖੀ ਲਿਪੀ ਵਿੱਚ ਪ੍ਰਕਾਸ਼ਿਤ ਕਰਨ ਦੀ ਜਿੰਮੇਵਾਰੀ ਦਾ ਐਲਾਨ ਕੀਤਾ।

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 11 ਜੂਨ : ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ ਲੁਧਿਆਣਾ ਦੇ ਪ੍ਰਧਾਨ ਡਾ .ਸ .ਪ. ਸਿੰਘ , ਆਨਰੇਰੀ ਜਨਰਲ ਸਕੱਤਰ ਸ .ਹਰਸ਼ਰਨ ਸਿੰਘ ਨਰੂਲਾ ਅਤੇ ਮੈਂਬਰ ਸ. ਹਰਦੀਪ ਸਿੰਘ ਵੱਲੋਂ ਡਾ. ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਨੂੰ "ਗੁਜਰਾਂਵਾਲਾ ਦਾ ਫਾਉਂਡਿੰਗ ਲੈਂਡ ਆਫ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ"ਪੁਸਤਕ ਭੇਂਟ ਕੀਤੀ ਗਈ। ਇਹ ਪੁਸਤਕ ਕੌਂਸਲ ਦੀ ਸਰਪ੍ਰਸਤੀ ਅਧੀਨ ਗੁਜਰਾਂਵਾਲਾ ਗੁਰੂ ਨਾਨਕ ਖਾਲਸਾ ਕਾਲਜ ਲੁਧਿਆਣਾ ਦੇ ਅੰਗਰੇਜ਼ੀ ਵਿਭਾਗ ਦੇ ਪ੍ਰੋਫੈਸਰ ਡਾ. ਮਨਦੀਪ ਕੌਰ ਵੱਲੋਂ ਲਿਖੀ ਗਈ ਹੈ। ਇਸ ਮੌਕੇ ਡਾ. ਕਥੂਰੀਆ ਨੇ ਗੁਜਰਾਂਵਾਲਾ ਕੌਂਸਲ ਦੇ ਇਸ ਉੱਦਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪੁਸਤਕ ਰੂਪ ਵਿਚ ਆਪਣੇ ਪੁਰਖਿਆਂ ਅਤੇ ਉਹਨਾਂ ਦੀ ਵਡਮੁੱਲੀ ਵਿਰਾਸਤ ਨੂੰ ਆਉਣ ਵਾਲੀਆਂ ਪੀੜੀਆਂ ਤੱਕ ਪਹੁੰਚਾਉਣ ਲਈ ਸਮੁੱਚੀ ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ ਦੀ ਟੀਮ ਅਤੇ ਇਸ ਪੁਸਤਕ ਦੀ ਲੇਖਿਕਾ ਵਧਾਈ ਦੇ ਪਾਤਰ ਹਨ। ਉਹਨਾਂ ਨੇ ਕਿਹਾ ਕਿ ਉਹਨਾਂ ਦੀ ਸੰਸਥਾ ਵਿਸ਼ਵ ਪੰਜਾਬੀ ਭਵਨ ਵੱਲੋਂ ਇਸ ਪੁਸਤਕ ਦਾ ਪੰਜਾਬੀ ਅਤੇ ਸ਼ਾਹਮੁਖੀ ਅਨੁਵਾਦ ਕਰਵਾਇਆ ਜਾਵੇਗਾ ਅਤੇ ਉਹਨਾਂ ਵੱਲੋਂ ਬਰੈਮਪਟਨ ਕੈਨੇਡਾ ਵਿਖੇ 2,3 ਅਤੇ 4 ਅਕਤੂਬਰ 2026 ਨੂੰ ਕਰਵਾਈ ਜਾ ਰਹੀ ਵਿਸ਼ਵ ਪੰਜਾਬੀ ਕਾਨਫਰੰਸ 2026 ਵਿੱਚ ਰਿਲੀਜ਼ ਕੀਤੀ ਜਾਵੇਗਾ। ਡਾ. ਕਥੂਰੀਆ ਦੇ ਨਾਲ ਆਏ ਹੋਏ ਸ. ਸਤਿਬੀਰ ਸਿੰਘ ਅੰਮ੍ਰਿਤਸਰ ਨੇ ਵੀ ਕੌਂਸਲ ਨੂੰ ਇਸ ਪੁਸਤਕ ਲਈ ਵਧਾਈ ਵੀ ਦਿੱਤੀ ਅਤੇ ਆਪਣੇ ਪੁਰਖਿਆਂ ਦੀ ਵਿਰਾਸਤ ਸੰਭਾਲਣ ਲਈ ਧੰਨਵਾਦ ਵੀ ਕੀਤਾ। ਉਹਨਾਂ ਨੇ ਕਿਹਾ ਕਿ ਉਹਨਾਂ ਦੇ ਆਪਣੇ ਵਡੇਰੇ ਗੁਜਰਾਂਵਾਲਾ ਦੀ ਧਰਤੀ ਤੋਂ ਸਨ ਇਸ ਲਈ ਇਸ ਪੁਸਤਕ ਨਾਲ ਉਹਨਾਂ ਦੀ ਭਾਵਨਾਤਮਕ ਸਾਂਝ ਹੈ। ਕੌਂਸਲ ਦੇ ਆਨਰੇਰੀ ਜਨਰਲ ਸਕੱਤਰ ਸ. ਹਰਸ਼ਰਨ ਸਿੰਘ ਨਰੂਲਾ ਨੇ ਇਸ ਸਮੇਂ ਡਾ. ਕਥੂਰੀਆ ਅਤੇ ਉਨਾਂ ਦੀ ਸੰਸਥਾ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਪੁਸਤਕ ਦਾ ਪੰਜਾਬੀ ਅਤੇ ਸ਼ਾਹਮੁਖੀ ਵਿੱਚ ਅਨੁਵਾਦ ਕਰਨ ਦੀ ਜ਼ਿੰਮੇਵਾਰੀ ਲਈ ਹੈ । ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋਫੈਸਰ ਰਾਜਿੰਦਰ ਕੌਰ ਮਲਹੋਤਰਾ ਨੇ ਵੀ ਡਾ. ਕਥੂਰੀਆ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋਫੈਸਰ ਮਨਜੀਤ ਸਿੰਘ ਛਾਬੜਾ ਡਾਇਰੈਕਟਰ ਜੀ.ਜੀ.ਐਨ.ਆਈ. ਐਮ.ਟੀ. ਅਤੇ ਰਾਜਿੰਦਰ ਸਿੰਘ ਸੰਧੂ ਵੀ ਉਚੇਚੇ ਤੌਰ 'ਤੇ ਹਾਜ਼ਰ ਰਹੇ।

## ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਨੇ ਲੋੜਵੰਦਾਂ ਦੇ ਬਨਾਵਟੀ ਅੰਗਾਂ ਲਈ 10 ਲੱਖ ਰੁਪਏ ਦੀ ਸਹਾਇਤਾ ਅਤੇ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਲਈ 20 ਵ੍ਹੀਲ ਚੇਅਰਾਂ ਦਾ ਦਿੱਤਾ ਯੋਗਦਾਨ

### ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸਮਾਜ ਭਲਾਈ ਲਈ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੇ ਯੋਗਦਾਨ ਦੀ ਕੀਤੀ ਸ਼ਲਾਘਾ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 11 ਜੂਨ:ਆਪਣੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ) ਪਹਿਲਕਦਮੀ ਦੇ ਹਿੱਸੇ ਵਜੋਂ, ਪ੍ਰੋਜੈਕਟ "ਸਵਾਸਥ ਸਮਾਜ" ਦੇ ਤਹਿਤ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ) ਨੇ ਅੱਜ ਆਰਥਿਕ ਤੌਰ 'ਤੇ ਕਮਜ਼ੋਰ ਵਿਅਕਤੀਆਂ ਨੂੰ ਬਨਾਵਟੀ ਅੰਗ ਪ੍ਰਦਾਨ ਕਰਨ ਲਈ 10 ਲੱਖ ਰੁਪਏ ਦੀ ਵਿੱਤੀ ਸਹਾਇਤਾ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਨੂੰ ਦਿੱਤੀ ਅਤੇ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਦੇ ਲਈ ਰੈੱਡ ਕਰਾਸ ਸੋਸਾਇਟੀ ਨੂੰ 20 ਵ੍ਹੀਲ ਚੇਅਰਾਂ ਦਿੱਤੀਆਂ ਗਈਆਂ ਹਨ। ਜ਼ਿਲ੍ਹਾ ਪ੍ਰਸ਼ਾਸਨ, ਰੈੱਡ ਕਰਾਸ ਸੋਸਾਇਟੀ ਲੁਧਿਆਣਾ ਅਤੇ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਦੇ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਚ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ (ਆਈ.ਏ.ਐਸ) ਅਤੇ ਸੀ.ਐਸ.ਆਰ ਮੁਖੀ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਸ੍ਰੀ ਅਮਿਤ ਧਵਨ ਦੁਆਰਾ 10 ਲੱਖ ਰੁਪਏ ਦਾ ਚੈੱਕ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਨੂੰ ਦਿੱਤਾ ਗਿਆ ਅਤੇ 20 ਵ੍ਹੀਲ ਚੇਅਰਾਂ ਰੈੱਡ ਕਰਾਸ ਸੋਸਾਇਟੀ ਲੁਧਿਆਣਾ ਨੂੰ ਸੌਂਪੀਆਂ ਗਈਆਂ।

ਇਸ ਮੌਕੇ ਬੋਲਦਿਆਂ, ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੀ ਸਮਾਜ ਭਲਾਈ ਪ੍ਰਤੀ ਵਚਨਬੱਧਤਾ ਦੀ ਸ਼ਲਾਘਾ ਕੀਤੀ ਅਤੇ ਪ੍ਰਬੰਧਨ, ਖਾਸ ਕਰਕੇ ਸ਼੍ਰੀ ਸਚਿਤ ਜੈਨ, ਚੇਅਰਮੈਨ, ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਅਤੇ ਸ੍ਰੀਮਤੀ ਸੌਮਿਆ ਜੈਨ ਕਾਰਜਕਾਰੀ ਨਿਰਦੇਸ਼ਕ, ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਗਰੀਬਾਂ ਅਤੇ ਵੱਖ-ਵੱਖ ਅਯੋਗ ਵਿਅਕਤੀਆਂ ਦੇ ਜੀਵਨ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਕੀਤੀਆਂ ਗਈਆਂ ਪਹਿਲਕਦਮੀਆਂ ਨੂੰ ਨਿਰੰਤਰ ਸਮਰਥਨ ਦਿੱਤਾ ਹੈ।

ਇਸ ਪਹਿਲਕਦਮੀ ਦੇ ਵੇਰਵੇ ਸਾਂਝੇ ਕਰਦੇ ਹੋਏ ਸੀ.ਐਸ.ਆਰ ਮੁਖੀ, ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਸ੍ਰੀ ਅਮਿਤ ਧਵਨ ਨੇ ਕਿਹਾ ਕਿ ਕੰਪਨੀ ਸਮਾਜ ਵਿੱਚ ਸਿਹਤ ਸੰਭਾਲ ਅਤੇ ਪੁਨਰਵਾਸ ਯਤਨਾਂ ਦਾ ਸਮਰਥਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਹਰ ਸਾਲ ਕਰੀਬ 3,500 ਲਾਭਪਾਤਰੀਆਂ ਨੂੰ ਬਨਾਵਟੀ ਅੰਗ ਪ੍ਰਦਾਨ ਕਰਨ ਦੀ ਸਹੂਲਤ ਦੇ ਰਿਹਾ ਹੈ ਅਤੇ ਪਿਛਲੇ ਚਾਰ ਸਾਲਾਂ ਤੋਂ ਇਸ ਪਹਿਲਕਦਮੀ ਨੂੰ ਸਫਲਤਾਪੂਰਵਕ ਪੂਰਾ ਕਰ ਰਿਹਾ ਹੈ।

ਰੈੱਡ ਕਰਾਸ ਸੋਸਾਇਟੀ, ਲੁਧਿਆਣਾ ਦੇ ਸਕੱਤਰ ਸ੍ਰੀ ਨਵਨੀਤ ਜੋਸ਼ੀ ਨੇ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੀ ਸੀ.ਐਸ.ਆਰ ਟੀਮ ਅਤੇ ਖਾਸ ਕਰਕੇ ਸ੍ਰੀ ਅਮਿਤ ਧਵਨ ਦਾ ਲੋੜਵੰਦ ਲੋਕਾਂ ਦੀ ਸਿਹਤ ਸੰਭਾਲ ਪਹਿਲਕਦਮੀਆਂ ਪ੍ਰਤੀ ਉਨ੍ਹਾਂ ਦੇ ਸਮਰਪਣ ਅਤੇ ਵਚਨਬੱਧਤਾ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਪ੍ਰੋਗਰਾਮਾਂ ਨੂੰ ਅੱਗੇ ਵਧਾਉਣ ਵਿੱਚ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ, ਰੈੱਡ ਕਰਾਸ ਸੋਸਾਇਟੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਿਚਕਾਰ ਮਜ਼ਬੂਤ ਭਾਈਵਾਲੀ ਦਾ ਵੀ ਧੰਨਵਾਦ ਕੀਤਾ।

ਇਹ ਪਹਿਲਕਦਮੀ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੀ ਸਿਹਤ ਸੰਭਾਲ, ਪੁਨਰਵਾਸ ਅਤੇ ਭਾਈਚਾਰਕ ਭਲਾਈ 'ਤੇ ਕੇਂਦ੍ਰਿਤ ਪ੍ਰਭਾਵਸ਼ਾਲੀ ਸੀ.ਐਸ.ਆਰ ਦਖਲਅੰਦਾਜ਼ੀ ਰਾਹੀਂ ਇੱਕ ਸਿਹਤਮੰਦ, ਵਧੇਰੇ ਸਮਾਵੇਸ਼ੀ ਸਮਾਜ ਦੀ ਸਿਰਜਣਾ ਲਈ ਚੱਲ ਰਹੀ ਵਚਨਬੱਧਤਾ ਨੂੰ ਦਰਸਾਉਂਦੀ ਹੈ।